# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :10-10-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਨਵੀਂ ਦਿੱਲੀ ਵਿਚ ਪ੍ਰਧਾਨ ਮੰਤਰੀ ਧਨ-ਧਾਨਯ ਯੋਜਨਾ ਅਤੇ ਦਾਲਾਂ ਬਾਰੇ ਆਤਮ-ਨਿਰਭਰਤਾ ਮਿਸ਼ਨ ਦੀ ਕਰਨਗੇ ਸ਼ੁਰੂਆਤ ।

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵਲੋਂ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਬਾਰੇ ਜਾਇਜ਼ਾ ਮੀਟਿੰਗ - ਚੋਣ ਜ਼ਾਬਤਾ ਸਖ਼ਤੀ ਨਾਲ ਲਾਗੂ ਕਰਨ ਦੀ ਕੀਤੀ ਹਦਾਇਤ।

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਐਨ.ਆਈ.ਟੀ ਜਲੰਧਰ ਨੇ ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ ਨਵੀਂ ਉਪਲਬਧੀ

ਦਰਜ ਕਰਦਿਆਂ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ‘ਤੇ ਪਛਾਣ ਮਜ਼ਬੂਤ ਕੀਤੀ ।

- ਮਾਨਸਿਕ ਸਿਹਤ ਦੇ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾ ਰਿਹਾ ਏ- ਪੰਜਾਬ ਵਿਚ ਵੱਖ ਵੱਖ ਸਮਾਗਮਾਂ ਦਾ ਆਯੋਜਨ।

**ਹੁਣ ਖਬਰਾਂ ਵਿਸਥਾਰ ਨਾਲ**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਨਵੀਂ ਦਿੱਲੀ ਦੇ ਪੂਸਾ ਕੈਂਪਸ ਤੋਂ ਪ੍ਰਧਾਨ ਮੰਤਰੀ ਧਨ-ਧਾਨਯ ਯੋਜਨਾ ਅਤੇ ਦਾਲਾਂ ਬਾਰੇ ਆਤਮ - ਨਿਰਭਰਤਾ ਮਿਸ਼ਨ ਦੀ ਸ਼ੁਰੂਆਤ ਕਰਨਗੇ । ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਇਸ ਯੋਜਨਾ ਦੇ ਤਹਿਤ, ਸਰਕਾਰ ਘੱਟ ਉਤਪਾਦਕਤਾ ਵਾਲੇ 100 ਜ਼ਿਲ੍ਹਿਆਂ ਦੀ ਪਛਾਣ ਕਰੇਗੀ ਅਤੇ ਉਤਪਾਦਕਤਾ ਵਧਾਉਣ ਲਈ ਟੀਚਾਬੱਧ ਉਪਾਅ ਲਾਗੂ ਕਰੇਗੀ।

BYTE

---------------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਤਰਨ ਤਾਰਨ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਚੋਣ ਅਧਿਕਾਰੀ ਰਾਹੁਲ, ਐੱਸ.ਐੱਸ.ਪੀ ਡਾ. ਰਵਜੋਤ ਗਰੇਵਾਲ ਅਤੇ ਹੋਰ ਜ਼ਿਲ੍ਹਾ ਅਧਿਕਾਰੀਆਂ ਨਾਲ ਵੀਡਿਓ ਕਾਨਫਰੰਸਿੰਗ ਜ਼ਰੀਏ ਮੀਟਿੰਗ ਕੀਤੀ। ਮੀਟਿੰਗ ਦੌਰਾਨ ਸਿਬਿਨ ਸੀ ਨੇ ਤਰਨ ਤਾਰਨ ਸੀਟ ਦਾ ਇਲਾਕਾ ਕੌਮਾਂਤਰੀ ਸਰਹੱਦੀ ਨਾਲ ਲੱਗਦੇ ਹੋਣ ਕਰਕੇ ਵਧੇਰੇ ਚੌਕਸੀ ਵਧਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਵੋਟਾਂ ਤੋਂ 72, 48 ਅਤੇ 24 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਹਰ ਗਤੀਵਿਧੀ ਉੱਤੇ ਨਜ਼ਰ ਰੱਖੀ ਜਾਵੇ। ਉਨ੍ਹਾਂ ਨਿਰਦੇਸ਼ ਦਿੱਤੇ ਕਿ ਚੋਣ ਜ਼ਾਬਤਾ ਸਖਤੀ ਨਾਲ ਲਾਗੂ ਕੀਤਾ ਜਾਵੇ ਅਤੇ ਚੋਣ ਜ਼ਾਬਤੇ ਦੀ ਉਲੰਘਣਾ ਨਾਲ ਸਬੰਧਤ ਸ਼ਿਕਾਇਤਾਂ ਨੂੰ ਵੀ ਸਮਾਂਬੱਧ ਤਰੀਕੇ ਨਾਲ ਨਿਪਟਾਇਆ ਜਾਵੇ। ਮੁੱਖ ਚੋਣ ਅਧਿਕਾਰੀ ਨੇ ਜ਼ਿਲ੍ਹਾ ਚੋਣ ਅਧਿਕਾਰੀ ਨੂੰ ਪੋਲਿੰਗ ਬੂਥਾਂ, ਕਾਊਂਟਿੰਗ ਹਾਲ ਅਤੇ ਸਟਰਾਂਗ ਰੂਮ ਵਿੱਚ ਢੁਕਵੇਂ ਪ੍ਰਬੰਧ ਤੇ ਸੁਰੱਖਿਆ ਯਕੀਨੀ ਬਣਾਉਣ ਲਈ ਕਿਹਾ। ਇਸ ਤੋਂ ਇਲਾਵਾ ਉਨ੍ਹਾਂ ਨੇ

ਵੋਟਰਾਂ ਦੀ ਸਹੂਲਤ ਲਈ ਪੋਲਿੰਗ ਬੂਥਾਂ `ਤੇ ਪੀਣ ਵਾਲੇ ਪਾਣੀ, ਵੇਟਿੰਗ ਏਰੀਆ, ਪਖਾਨਿਆਂ ਅਤੇ ਦਿਵਿਆਂਗ ਵੋਟਰਾਂ ਲਈ ਵ੍ਹੀਲ ਚੇਅਰਾਂ ਦੀ ਸਹੂਲਤ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ। ਸਿਬਿਨ ਸੀ ਨੇ ਜ਼ਿਲ੍ਹਾ ਚੋਣ ਅਧਿਕਾਰੀ ਨੂੰ ਕੈਮਰੇ ਲਗਾ ਕੇ 100 ਫ਼ੀਸਦੀ ਵੈੱਬਕਾਸਟਿੰਗ ਯਕੀਨੀ ਬਣਾਉਣ ਅਤੇ ਸਵੀਪ ਗਤੀਵਿਧੀਆਂ ਵਧਾਉਣ ਲਈ ਕਿਹਾ ਤਾਂ ਜੋ ਵੋਟਰਾਂ ਦੀ ਭਾਗੀਦਾਰੀ ਨੂੰ ਵਧਾਇਆ ਜਾ ਸਕੇ।  ਸਿਬਿਨ ਸੀ ਨੇ ਐੱਸਐੱਸਪੀ ਨੂੰ ਸਖ਼ਤੀ ਵਧਾਉਣ ਅਤੇ ਨਾਕਿਆਂ ਉੱਤੇ ਸੀਸੀਟੀਵੀ ਕੈਮਰਿਆਂ ਦੀ ਮਦਦ ਨਾਲ ਨਿਗਰਾਨੀ ਰੱਖਣ ਦਾ ਹੁਕਮ ਦਿੱਤਾ । ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਧਿਕਾਰੀ ਅਤੇ ਐੱਸ.ਐੱਸ.ਪੀ ਨੇ ਦੱਸਿਆ ਕਿ ਵੋਟਿੰਗ ਲਈ ਕੁੱਲ 114 ਥਾਵਾਂ ਉੱਤੇ 222 ਪੋਲਿੰਗ ਬੂਥ ਬਣਾਏ ਗਏ ਨੇ । ਇਨ੍ਹਾਂ ਵਿੱਚੋਂ ਹੁਣ ਤੱਕ 100 ਪੋਲਿੰਗ ਬੂਥਾਂ ਨੂੰ ਸੰਵੇਦਨਸ਼ੀਲ ਐਲਾਨਿਆ ਗਿਆ ਏ । ਇਸ ਤੋਂ ਇਲਾਵਾ ਕੌਮਾਂਤਰੀ ਸਰਹੱਦ ਨੇੜਲੇ ਪਿੰਡਾਂ ਵਿੱਚ ਇੱਕ ਦਰਜਨ ਤੋਂ ਵੱਧ ਪੋਲਿੰਗ ਬੂਥ ਬਣਾਏ ਗਏ ਹਨ, ਜਿਨ੍ਹਾਂ ਉੱਤੇ ਸਖਤ ਸੁਰੱਖਿਆ ਪ੍ਰਬੰਧ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਹੁਣ ਤੱਕ 1435 ਪੁਲਿਸ ਮੁਲਾਜ਼ਮ ਅਤੇ ਹੋਰ ਸੁਰੱਖਿਆ ਬਲ ਤਾਇਨਾਤ

ਕੀਤੇ ਜਾ ਚੁੱਕੇ ਹਨ।   ਜ਼ਿਲ੍ਹਾ ਅਧਿਕਾਰੀਆਂ ਨੇ ਦੱਸਿਆ ਕਿ ਸੁਰੱਖਿਆ ਬੰਦੋਬਸਤ ਮਜ਼ਬੂਤ ਕਰਨ ਦੇ ਮਕਸਦ ਨਾਲ ਕਪੂਰਥਲਾ ਅਤੇ ਅੰਮ੍ਰਿਤਸਰ ਜ਼ਿਲ੍ਹਿਆਂ ਨਾਲ ਲੱਗਦੀ ਸਰਹੱਦ ਉੱਤੇ 6 ਨਾਕੇ ਹੁਣ ਤੋਂ ਹੀ ਲਗਾ ਦਿੱਤੇ ਗਏ ਹਨ, ਜਿੱਥੇ 24 ਘੰਟੇ ਹਰ ਗਤੀਵਿਧੀ `ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਏ । ਕਿਸੇ ਵੀ ਤਰ੍ਹਾਂ ਦੀ ਸ਼ਿਕਾਇਤ ਦਰਜ ਕਰਵਾਉਣ ਲਈ 1950 ਨੰਬਰ ਸ਼ੁਰੂ ਕਰ ਦਿੱਤਾ ਗਿਆ ਏ ।  ਜ਼ਿਕਰਯੋਗ ਏ ਕਿ ਤਰਨ ਤਾਰਨ ਹਲਕੇ ਵਿੱਚ ਵੋਟਰਾਂ ਦੀ ਕੁੱਲ ਗਿਣਤੀ 1 ਲਖ 93 ਹਜ਼ਾਰ 742 ਏ ।  ਵੋਟਾਂ 11 ਨਵੰਬਰ ਨੂੰ ਪੈਣਗੀਆਂ

-------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੁਆਰਾ ਐਲਾਨਿਆ ਅਤੇ ਪਿਛਲੇ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ GST ਬਚਤ ਉਤਸਵ ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ । ਹਰਿਆਣਾ ਸੂਬੇ ਦੀ ਆਰਥਿਕਤਾ ਨੂੰ ਉਤਸ਼ਾਹਿਤ ਕਰਨ ਵਾਲੇ GST ਸੁਧਾਰਾਂ ਬਾਰੇ ਪੇਸ਼ ਏ ਇੱਕ ਰਿਪੋਰਟ ।

VC

ਨਵੇਂ GST ਸੁਧਾਰ ਹਰਿਆਣਾ ਦੇ ਕਿਸਾਨਾਂ, ਨਿਰਮਾਤਾਵਾਂ ਅਤੇ ਛੋਟੇ ਉੱਦਮਾਂ ਲਈ ਇੱਕ ਵੱਡੀ ਰਾਹਤ ਨੇ। ਸੋਧੇ ਹੋਏ ਟੈਕਸ ਢਾਂਚੇ ਤਹਿਤ, ਵੱਖ-ਵੱਖ ਵਸਤੂਆਂ 'ਤੇ GST ਘਟਾ ਦਿੱਤਾ ਗਿਆ ਏ , ਜਿਸ ਨਾਲ ਉਹ ਵਧੇਰੇ ਕਿਫਾਇਤੀ ਬਣ ਗਏ ਨੇ ਅਤੇ ਰਾਜ ਦਾ ਉਦਯੋਗਿਕ ਅਧਾਰ ਮਜ਼ਬੂਤ ਹੋਇਆ ਏ। ਆਟੋਮੋਟਿਵ ਹਿੱਸਿਆਂ 'ਤੇ GST ਨੂੰ 28 ਫੀਸਦੀ ਤੋਂ ਘਟਾ ਕੇ 18 ਫੀਸਦੀ ਕਰਨ ਨਾਲ, ਨਵੇਂ ਸੁਧਾਰ ਵਾਹਨਾਂ ਨੂੰ ਹੋਰ ਕਿਫਾਇਤੀ ਬਣਾ ਦੇਣਗੇ। ਇਹ ਕਦਮ ਅਫਰੀਕਾ, ਮੱਧ ਪੂਰਬ ਅਤੇ ਦੱਖਣ-ਪੂਰਬੀ ਏਸ਼ੀਆ ਦੇ ਆਟੋਮੋਟਿਵ ਬਾਜ਼ਾਰਾਂ ਵਿੱਚ ਹਰਿਆਣਾ ਦੀ ਬਰਾਮਦ ਸੰਭਾਵਨਾ ਨੂੰ ਵੀ ਬਿਹਤਰ ਬਣਾਏਗਾ। ਖੇਤੀਬਾੜੀ ਅਤੇ ਸਹਾਇਕ ਖੇਤਰਾਂ ਵਿੱਚ, ਖੇਤੀ ਮਸ਼ੀਨਰੀ, ਸੰਦ ਅਤੇ ਖਾਦਾਂ ਜੋ ਪਹਿਲਾਂ 18 ਫੀਸਦੀ GST ਨੂੰ ਆਕਰਸ਼ਿਤ ਕਰਦੀਆਂ ਸਨ, 'ਤੇ 5 ਫੀਸਦੀ ਟੈਕਸ ਲਗਾਇਆ ਗਿਆ ਏ , ਜਿਸ ਨਾਲ ਕਿਸਾਨਾਂ ਲਈ ਲਾਗਤ ਘਟ ਹੋਵੇਗੀ ਅਤੇ ਵਧੇਰੇ ਮਸ਼ੀਨੀਕਰਨ ਨੂੰ ਉਤਸ਼ਾਹ ਮਿਲੇਗਾ । ਇਨ੍ਹਾਂ ਤਬਦੀਲੀਆਂ ਤੋਂ ਖਾਸ ਕਰਕੇ ਤਿਉਹਾਰਾਂ ਦੇ ਮੌਸਮ ਦੌਰਾਨ ਅਤੇ ਆਉਣ ਵਾਲੇ ਸਮੇਂ ਦੌਰਾਨ ਵੱਧ ਵਿਕਰੀ ਨੂੰ ਉਤਸ਼ਾਹਿਤ ਕਰਨ, ਰੁਜ਼ਗਾਰ ਨੂੰ ਸੁਰੱਖਿਅਤ ਰੱਖਣ ਤੇ ਸਿਰਜਣ ਅਤੇ ਪੇਂਡੂ ਅਤੇ ਉਦਯੋਗਿਕ ਅਰਥਚਾਰੇ ਨੂੰ ਊਰਜਾ ਮਿਲਣ ਦੀ ਉਮੀਦ ਏ। ਬਿਊਰੋ ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਚੰਚਲ ਸ਼ਰਮਾ

---------------------------------------------------------------

## ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਟਾਈਮਜ਼ ਹਾਇਰ ਐਜੂਕੇਸ਼ਨ ਵਰਲਡ ਯੂਨੀਵਰਸਿਟੀ ਰੈਂਕਿੰਗਜ਼ 2026 ਵਿੱਚ ਵੱਕਾਰੀ 601–800 ਆਲਮੀ ਰੈਂਕ ਪ੍ਰਾਪਤ ਕੀਤਾ ਏ। THE ਵਰਲਡ ਯੂਨੀਵਰਸਿਟੀ

ਰੈਂਕਿੰਗਜ਼ ਦਾ 2026 ਐਡੀਸ਼ਨ ਅੱਜ ਐਲਾਨਿਆ ਗਿਆ, ਜਿਸ ਵਿੱਚ 115 ਦੇਸ਼ਾਂ ਦੀਆਂ 2 ਹਜ਼ਾਰ 91 ਯੂਨੀਵਰਸਿਟੀਆਂ ਦਾ ਮੁਲਾਂਕਣ ਅਧਿਆਪਨ, ਖੋਜ ਵਾਤਾਵਰਣ, ਖੋਜ ਗੁਣਵੱਤਾ, ਉਦਯੋਗਿਕ ਸ਼ਮੂਲੀਅਤ ਅਤੇ ਅੰਤਰਰਾਸ਼ਟਰੀ ਦ੍ਰਿਸ਼ਟੀਕੋਣ ਨੂੰ ਕਵਰ ਕਰਨ ਵਾਲੇ ਮਾਪਦੰਡਾਂ ਦੇ ਇੱਕ ਵਿਸਥਾਰਿਤ ਸਮੂਹ ਦੁਆਰਾ ਕੀਤਾ ਗਿਆ ਸੀ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਆਪਣੀ ਸਮੁੱਚੀ ਅਕਾਦਮਿਕ ਅਤੇ ਖੋਜ ਪ੍ਰੋਫਾਈਲ ਵਿੱਚ ਮਹੱਤਵਪੂਰਨ ਤਰੱਕੀ ਦਿਖਾਈ। ਉਪ ਕੁਲਪਤੀ ਪ੍ਰੋ. ਰੇਣੂ ਵਿਗ ਨੇ ਕਿਹਾ ਕਿ ਇਹ ਅੰਕੜਾ ਸਪਸ਼ਟ ਤੌਰ 'ਤੇ ਵੱਖ-ਵੱਖ ਮਾਪਦੰਡਾਂ ਵਿੱਚ ਪੰਜਾਬ ਯੂਨੀਵਰਸਿਟੀ ਦੇ ਨਿਰੰਤਰ ਵਾਧੇ ਨੂੰ ਉਜਾਗਰ ਕਰਦਾ ਏ । ਉਨ੍ਹਾਂ ਸਾਰਿਆਂ ਨੂੰ ਇਸ ਉਪਲਬਧੀ ਲਈ ਵਧਾਈ ਦਿੱਤੀ।

---------------------------------------------------------

ਡਾ. ਬੀ. ਆਰ. ਅੰਬੇਦਕਰ ਨੈਸ਼ਨਲ ਇੰਸਟੀਚਿਊਟ ਆਫ ਟੈਕਨੋਲੋਜੀ ਜਲੰਧਰ ਨੇ ਵੀ ਟਾਈਮਜ਼ ਹਾਇਅਰ ਐਜੂਕੇਸ਼ਨ -ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ 1001 ਤੋਂ 1200 ਸ਼੍ਰੇਣੀ ਵਿੱਚ

ਸਥਾਨ ਹਾਸਿਲ ਕੀਤਾ ਏ। ਇਹ ਪ੍ਰਾਪਤੀ ਐਨ.ਆਈ.ਟੀ ਜਲੰਧਰ ਦੀ ਅੰਤਰਰਾਸ਼ਟਰੀ ਪਛਾਣ ਨੂੰ ਹੋਰ ਮਜ਼ਬੂਤ ਬਣਾਉਂਦੀ ਏ  ਅਤੇ ਉੱਚ ਸਿੱਖਿਆ ਦੇ ਖੇਤਰ ਵਿੱਚ ਇਸਦੀ ਤਰੱਕੀ ਦਾ ਪ੍ਰਤੀਕ ਏ। 1987 ਵਿੱਚ ਸਥਾਪਿਤ ਐਨਆਈਟੀ ਜਲੰਧਰ ਹਮੇਸ਼ਾ ਸਿੱਖਿਆ ਤੇ ਖੋਜ ਵਿੱਚ ਉੱਤਮਤਾ ਲਈ ਯਤਨਸ਼ੀਲ ਰਿਹਾ ਏ। ਇੰਸਟੀਚਿਊਟ ਇੰਜੀਨੀਅਰਿੰਗ ਅਤੇ ਟੈਕਨੋਲੋਜੀ ਦੇ ਖੇਤਰ ਵਿੱਚ ਨਵੀਆਂ ਸੋਚਾਂ, ਖੋਜ ਅਤੇ ਉਦਯੋਗਕ ਸਹਿਯੋਗ 'ਤੇ ਖਾਸ ਧਿਆਨ ਦਿੰਦਾ ਏ। ਇਸ ਰੈਂਕਿੰਗ ਨਾਲ ਐਨਆਈਟੀ ਜਲੰਧਰ ਹੁਣ ਵਿਸ਼ਵ ਦੀਆਂ ਪ੍ਰਸਿੱਧ ਯੂਨੀਵਰਸਿਟੀਆਂ ਵਿੱਚ ਸ਼ਾਮਲ ਹੋ ਗਿਆ ਏ। ਇਸ ਉਪਲਬਧੀ ‘ਤੇ ਸੰਸਥਾਨ ਦੇ ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਨੇ ਮਾਣ ਪ੍ਰਗਟ ਕਰਦਿਆਂ ਕਿਹਾ,ਇਹ ਰੈਂਕਿੰਗ ਅਧਿਆਪਕਾਂ, ਵਿਦਿਆਰਥੀਆਂ ਅਤੇ ਕਰਮਚਾਰੀਆਂ ਦੇ ਸਾਂਝੇ ਯਤਨਾਂ ਦਾ ਨਤੀਜਾ  ਏ। ਉਨ੍ਹਾਂ ਕਿਹਾ ਕਿ ਭਵਿੱਖ ਵਿੱਚ, ਐਨਆਈਟੀ ਜਲੰਧਰ ਆਪਣੇ ਅਕਾਦਮਿਕ ਪ੍ਰੋਗਰਾਮਾਂ ਅਤੇ ਖੋਜ ਸਮਰੱਥਾ ਨੂੰ ਹੋਰ ਮਜ਼ਬੂਤ ਕਰਦਾ ਰਹੇਗਾ ਅਤੇ ਵਿਦਿਆਰਥੀਆਂ ਨੂੰ ਵਿਦੇਸ਼ੀ ਮੌਕਿਆਂ ਨਾਲ ਜੋੜਨ ਲਈ ਨਵੇਂ ਉਪਰਾਲੇ ਕਰੇਗਾ।

---------------------------------------------------------

ਅੱਜ ਦੁਨੀਆ ਭਰ ਵਿੱਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾ ਰਿਹਾ ਏ। ਇਸਦਾ ਉਦੇਸ਼ ਮਾਨਸਿਕ ਸਿਹਤ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਮਾਨਸਿਕ ਸਿਹਤ ਸੇਵਾਵਾਂ ਤੱਕ ਪਹੁੰਚ ਨੂੰ ਤੇਜ਼ ਕਰਨਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਵਿਸ਼ਵ ਮਾਨਸਿਕ ਸਿਹਤ ਦਿਵਸ ਸਾਨੂੰ ਯਾਦ ਦਿਵਾਉਂਦਾ ਏ  ਕਿ ਮਾਨਸਿਕ ਸਿਹਤ ਹਰ ਕਿਸੇ ਦੀ ਸਿਹਤ ਦਾ ਇੱਕ ਮਹੱਤਵਪੂਰਨ ਹਿੱਸਾ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਲੋਕਾਂ ਨੂੰ ਇੱਕ ਅਜਿਹਾ ਮਾਹੌਲ ਬਣਾਉਣ ਦੀ ਅਪੀਲ ਕੀਤੀ ਜਿੱਥੇ ਮਾਨਸਿਕ ਸਿਹਤ ਬਾਰੇ ਖੁੱਲ੍ਹ ਕੇ ਚਰਚਾ ਕੀਤੀ ਜਾ ਸਕੇ। ਸਿਹਤ ਮੰਤਰੀ ਜੇ.ਪੀ ਨੱਡਾ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਇਹ ਦਿਨ ਲੋਕਾਂ ਨੂੰ ਆਪਣੀ ਭਾਵਨਾਤਮਕ ਅਤੇ ਮਾਨਸਿਕ ਸਿਹਤ ਨੂੰ ਤਰਜੀਹ ਦੇਣ ਦੀ ਯਾਦ ਦਿਵਾਉਂਦਾ ਏ। ਸ਼੍ਰੀ ਨੱਡਾ ਨੇ ਕਿਹਾ ਕਿ ਇਸ ਸਾਲ ਦਾ ਥੀਮ, "ਸੇਵਾਵਾਂ ਤੱਕ ਪਹੁੰਚ - ਆਫ਼ਤਾਂ ਅਤੇ ਐਮਰਜੈਂਸੀ ਵਿੱਚ ਮਾਨਸਿਕ ਸਿਹਤ,"ਰੱਖਿਆ ਗਿਆ ਜੋ  ਐਮਰਜੈਂਸੀ ਦੌਰਾਨ ਸਹਾਇਤਾ ਪ੍ਰਣਾਲੀਆਂ

ਪ੍ਰਦਾਨ ਕਰਨ ਦੀ ਜ਼ਰੂਰਤ ਨੂੰ ਉਜਾਗਰ ਕਰਦਾ ਏ। ਸ਼੍ਰੀ ਨੱਡਾ ਨੇ ਸਾਰਿਆਂ ਨੂੰ ਇੱਕ ਅਜਿਹਾ ਸਮਾਜ ਬਣਾਉਣ ਲਈ ਇਕੱਠੇ ਕੰਮ ਕਰਨ ਦਾ ਸੱਦਾ ਦਿੱਤਾ ਜੋ ਸਾਰਿਆਂ ਲਈ ਮਾਨਸਿਕ ਸਿਹਤ ਸੇਵਾਵਾਂ ਤੱਕ ਸਮਝ, ਸਮੇਂ ਸਿਰ ਪਹੁੰਚ ਨੂੰ ਉਤਸ਼ਾਹਿਤ ਕਰਦਾ ਏ। ਇਸੇ ਦੌਰਾਨ ਪਠਾਨਕੋਟ ਸਿਵਲ ਹਸਪਤਾਲ ਦੇ  ਡਾ: ਸਤਿਆਰਥ ਤਿਆਗੀ ਨੇ ਮਾਨਸਿਕ ਸਿਹਤ ਬਾਰੇ ਕਿਹਾ।

BYTE

ਸ਼੍ਰੀ ਗੁਰੂ ਅਮਰਦਾਸ ਸੇਵਕ ਸਭਾ ਤਰਨਤਾਰਨ ਦੇ ਮੈਂਬਰ ਤੇ ਸਮਾਜ ਸੇਵੀ ਨਰੇਸ਼ ਮਰਵਾਹਾ ਵੀ ਆਪਣੇ ਪੱਧਰ ਤੇ ਇਕ ਨੇਕ ਉਪਰਾਲਾ ਕਰ ਰਹੇ ਨੇ ।

BYTE

---------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਵਿਸ਼ਵ ਮਾਨਸਿਕ ਸਿਹਤ ਦਿਵਸ ਮੌਕੇ "ਪੰਜਾਬ ਰਾਜ ਮਾਨਸਿਕ ਸਿਹਤ

ਨੀਤੀ" ਦੀ ਸ਼ੁਰੂਆਤ ਕੀਤੀ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਵਿਸ਼ਵ ਮਾਨਸਿਕ ਸਿਹਤ ਦਿਵਸ 'ਤੇ  ਪੰਜਾਬ ਸਰਕਾਰ ਵੱਲੋਂ ਇਹ ਨੀਤੀ ਲਿਆਉਣ ਦਾ ਉਦੇਸ਼ ਹਰ ਇੱਕ ਲਈ ਮਾਨਸਿਕ ਤੰਦਰੁਸਤੀ ਦੇ ਅਧਿਕਾਰ ਨੂੰ ਯਕੀਨੀ ਬਣਾਉਣਾ ਏ । ਉਨ੍ਹਾਂ ਕਿਹਾ ਕਿ ਪੰਜਾਬ ਰਾਜ ਮਾਨਸਿਕ ਸਿਹਤ ਨੀਤੀ ਪੰਜਾਬ ਦੇ ਹਰੇਕ ਵਿਅਕਤੀ ਦੀ ਸਰੀਰਕ, ਮਾਨਸਿਕ ਤੰਦਰੁਸਤੀ ਅਤੇ ਸਮਾਜਿਕ ਭਲਾਈ ਪ੍ਰਤੀ ਪੰਜਾਬ ਸਰਕਾਰ ਦੀ ਵਚਨਬੱਧਤਾ ਦਾ ਪ੍ਰਤੱਖ ਪ੍ਰਮਾਣ ਹੈ। ਸਿਹਤ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਸਾਡੇ ਸਮਾਜ ਲਈ ਵੱਡੀ ਤ੍ਰਾਸਦੀ ਏ ਕਿ ਅਕਸਰ ਮਾਨਸਿਕ ਤੌਰ ‘ਤੇ ਪ੍ਰਭਾਵਿਤ ਵਿਅਕਤੀ ਨੂੰ ਬਿਨਾਂ ਕੁਝ ਦੱਸੇ ਇਕੱਲਿਆਂ ਦੁੱਖ ਝੱਲਣ ਲਈ ਮਜਬੂਰ ਹੋਣਾ ਪੈਂਦਾ ਹੈ, ਜਿਸ ਨਾਲ ਹਾਲਾਤ ਹੋਰ ਵਿਗੜ ਜਾਂਦੇ ਹਨ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਦੇ ਹੱਲ ਲਈ ਅਸੀਂ ਮਾਨਸਿਕ ਸਿਹਤ ਸੇਵਾਵਾਂ ਨੂੰ ਆਪਣੇ ਮੁੱਢਲੇ ਸਿਹਤ ਸੰਭਾਲ ਢਾਂਚੇ ਵਿੱਚ ਏਕੀਕ੍ਰਿਤ ਕਰਕੇ ਇਹ ਯਕੀਨੀ ਬਣਾਉਣ ਲਈ ਸੁਹਿਰਦ ਹਾਂ ਕਿ ਮਦਦ ਮੰਗਣ ਵਾਲੇ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਸਹਾਇਤਾ ਅਤੇ ਮਿਆਰੀ ਇਲਾਜ ਮਿਲੇ।

ਡਾ. ਬਲਬੀਰ ਸਿੰਘ ਨੇ ਇਸ ਨੀਤੀ ਤਹਿਤ ਸਭ ਤੋਂ ਵੱਧ ਲੋੜ ਵਾਲੇ ਵਿਅਕਤੀਆਂ ਖਾਸ ਕਰਕੇ ਔਰਤਾਂ ਦੀ ਮਾਨਸਿਕ ਸਿਹਤ ਵੱਲ ਜਲਦ ਤੋਂ ਜਲਦ ਧਿਆਨ ਦੇਣ ਦੀ ਪਹੁੰਚ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਇਹ ਸਾਹਮਣੇ ਆਇਆ ਏ ਕਿ ਔਰਤਾਂ ਨੂੰ ਅਕਸਰ ਵੱਖ-ਵੱਖ ਤਰੀਕੇ ਨਾਲ ਸਮਾਜਿਕ ਅਤੇ ਘਰੇਲੂ ਦਬਾਅ ਝੱਲਣਾ ਪੈਂਦਾ ਏ , ਜੋ ਉਨ੍ਹਾਂ ਦੀ ਮਾਨਸਿਕ ਤੰਦਰੁਸਤੀ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕਰ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੀ ਮਾਨਸਿਕ ਤੰਦਰੁਸਤੀ ਨੂੰ ਤਰਜੀਹ ਦੇਣਾ ਸਿਰਫ਼ ਸਿਹਤ ਪੱਖੋਂ ਹੀ ਨਹੀਂ ਬਲਕਿ ਇੱਕ ਲਚਕੀਲਾ ਅਤੇ ਬਰਾਬਰੀ ਵਾਲਾ ਸਮਾਜ ਬਣਾਉਣ ਦੀ ਬੁਨਿਆਦ ਏ।

---------------------------------------------------------------

ਓਧਰ ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼, ਮੋਹਾਲੀ ਦੇ ਮਨੋਵਿਗਿਆਨ ਵਿਭਾਗ ਨੇ ਐਮ ਬੀ ਬੀ ਐਸ ਵਿਦਿਆਰਥੀਆਂ ਲਈ ਪੋਸਟਰ ਮੁਕਾਬਲਾ ਆਯੋਜਿਤ ਕੀਤਾ।

ਇਸਦਾ ਉਦੇਸ਼ ਭਵਿੱਖ ਦੇ ਸਿਹਤ ਸੰਭਾਲ ਪੇਸ਼ੇਵਰਾਂ ਵਿੱਚ ਮਾਨਸਿਕ ਸਿਹਤ ਮੁੱਦਿਆਂ ਪ੍ਰਤੀ ਜਾਗਰੂਕਤਾ ਅਤੇ ਸਮਝ ਵਧਾਉਣਾ ਅਤੇ ਇਸ ਮਹੱਤਵਪੂਰਨ ਵਿਸ਼ਵਵਿਆਪੀ ਚਿੰਤਾ 'ਤੇ ਰਚਨਾਤਮਕ ਪ੍ਰਗਟਾਵੇ ਨੂੰ ਉਤਸ਼ਾਹਿਤ ਕਰਨਾ ਸੀ। ਵਿਦਿਆਰਥੀਆਂ ਨੇ ਮਾਨਸਿਕ ਤੰਦਰੁਸਤੀ, ਸਮਾਜਿਕ ਸ਼ਰਮਿੰਦਗੀ ਘਟਾਉਣ ਅਤੇ ਮਾਨਸਿਕ ਸਿਹਤ ਦੇਖਭਾਲ ਤੱਕ ਪਹੁੰਚ ਦੇ ਵਿਸ਼ਿਆਂ ਨੂੰ ਉਜਾਗਰ ਕਰਨ ਵਾਲੇ ਵਿਚਾਰ-ਉਕਸਾਉਣ ਵਾਲੇ ਅਤੇ ਦ੍ਰਿਸ਼ਟੀਗਤ ਤੌਰ 'ਤੇ ਆਕਰਸ਼ਕ ਪੋਸਟਰ ਪੇਸ਼ ਕੀਤੇ। ਸੰਸਥਾ ਦੇ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸਮਾਜ ਵਿੱਚ ਪ੍ਰਚਲਿਤ ਮਾਨਸਿਕ ਸਿਹਤ ਚੁਣੌਤੀਆਂ ਪ੍ਰਤੀ ਨੌਜਵਾਨ ਡਾਕਟਰਾਂ ਨੂੰ ਸੰਵੇਦਨਸ਼ੀਲ ਬਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਡਾ. ਨਿਧੀ ਮਲਹੋਤਰਾ, ਐਸੋਸੀਏਟ ਪ੍ਰੋਫੈਸਰ ਅਤੇ ਮੁਖੀ, ਮਨੋਵਿਗਿਆਨ ਵਿਭਾਗ, ਨੇ ਕਿਹਾ ਕਿ ਅਜਿਹੇ ਉਪਰਾਲੇ ਸੰਪੂਰਨ ਡਾਕਟਰੀ ਸਿਖਲਾਈ ਦੇ ਅਨਿੱਖੜਵੇਂ ਗੁਣਾਂ ਹਮਦਰਦੀ, ਜਾਗਰੂਕਤਾ ਅਤੇ ਵਕਾਲਤ ਨੂੰ

ਉਤਸ਼ਾਹਿਤ ਕਰਦੇ ਹਨ। ਮੁਕਾਬਲੇ ਵਿੱਚ ਕੁੱਲ 64 ਵਿਦਿਆਰਥੀਆਂ ਨੇ ਹਿੱਸਾ ਲਿਆ।

---------------------------------------------------------------

ਪੰਜਾਬ ਸਮੇਤ ਦੇਸ਼ ਦੇ ਵੱਖ ਵੱਖ ਹਿਸਿਆਂ ਵਿਚ ਅੱਜ ਕਰਵਾ ਚੌਥ ਦਾ ਤਿਓਹਾਰ ਪੂਰੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ। ਇਸ ਦਿਨ ਸੁਹਾਗਣਾਂ ਆਪਣੇ ਪਤੀ ਦੀ ਲੰਮੀ ਉਮਰ ਤੇ ਸਿਹਤਯਾਬੀ ਦੀ ਕਾਮਨਾ ਲਈ ਬਿਨਾ ਪਾਣੀ ਪੀਤੇ ਕਰਵਾ ਚੌਥ ਦਾ ਵਰਤ ਰਖਦੀਆਂ ਨੇ। ਤੜਕਸਾਰ ਸਰਗੀ ਕਰਨ ਨਾਲ ਇਸ ਵਰਤ ਦੀ ਸ਼ੁਰੂਆਤ ਹੁੰਦੀ ਏ। ਦੋਪਹਰ ਬਾਅਦ ਸੁਹਾਗਣਾ ਇਕੱਠੀਆਂ ਹੋ ਕੇ ਕਰਵਾ ਚੌਥ ਮਾਤਾ ਦੀ ਕਹਾਣੀ ਸੁਣਦੀਆਂ ਨੇ । ਰਾਤ ਵੇਲੇ ਲੰਮੀ ਉਡੀਕ ਮਗਰੋਂ ਚੰਦਰਮਾ ਨਿਕਲਣ ਤੇ ਉਸਨੂੰ ਅਰਗ ਦੇਕੇ ਇਹ ਵਰਤ ਖੋਲਿਆ ਜਾਂਦਾ ਏ ਇਸ ਲਈ ਹੁਣ ਚੰਦਰਮਾ ਦੇ ਨਿਕਲਣ ਦੀ ਉਡੀਕ ਹੋਣੀ ਸ਼ੁਰੂ ਹੋ ਗਈ ਏ।

---------------------------------------------------------------

ਪੰਜਾਬ ਐਕਸ-ਸਰਵਿਸਮੈਨ ਕਾਰਪੋਰੇਸ਼ਨ-ਪੈਸਕੋ ਨੇ ਅੱਜ ਆਪਣਾ 47ਵਾਂ ਸਥਾਪਨਾ ਦਿਵਸ ਚੰਡੀਗੜ੍ਹ ਵਿਖੇ ਸ਼ਾਨਦਾਰ ਢੰਗ ਨਾਲ ਮਨਾਇਆ। ਇਸ ਮੌਕੇ ਸੀਨੀਅਰ ਅਧਿਕਾਰੀ, ਕਰਮਚਾਰੀ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਪੈਸਕੋ ਸਾਬਕਾ ਸੈਨਿਕਾਂ ਨੂੰ ਪੰਜਾਬ ਭਰ ਵਿੱਚ ਰੁਜ਼ਗਾਰ ਮੁਹਈਆ ਕਰਵਾਉਣ ਲਈ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਏ। ਪੈਸਕੋ ਦੇ ਪ੍ਰਬੰਧਕ ਨਿਰਦੇਸ਼ਕ, ਮੇਜਰ ਜਨਰਲ ਹਰਮਨਦੀਪ ਸਿੰਘ ਨੇ ਅਦਾਰੇ ਦੇ ਸਾਰੇ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਕੰਮ ਪ੍ਰਤੀ ਦ੍ਰਿੜਤਾ ਤੇ ਅਨੁਸ਼ਾਸਨ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਪੈਸਕੋ, ਰੱਖਿਆ ਸੇਵਾਵਾਂ ਭਲਾਈ ਮੰਤਰੀ  ਮੋਹਿੰਦਰ ਭਗਤ ਦੀ ਅਗਵਾਈ ਤੇ ਦਿਸ਼ਾ-ਨਿਰਦੇਸ਼ ਹੇਠ, ਸਾਬਕਾ ਸੈਨਿਕਾਂ ਦੀ ਭਲਾਈ ਅਤੇ ਰੁਜ਼ਗਾਰ ਦੇਣ ਲਈ ਲਗਾਤਾਰ ਯਤਨਸ਼ੀਲ ਏ | ਉਨ੍ਹਾਂ ਦੱਸਿਆ ਕਿ ਪਿਛਲੇ ਇੱਕ ਸਾਲ ਦੌਰਾਨ ਪੈਸਕੋ ਵੱਲੋਂ 6,000 ਤੋਂ ਵੱਧ ਸਾਬਕਾ ਸੈਨਿਕਾਂ ਨੂੰ ਰੁਜ਼ਗਾਰ ਦੇ ਮੌਕੇ ਪ੍ਰਦਾਨ ਕੀਤੇ ਗਏ ਨੇ  ਜੋ ਪੰਜਾਬ ਸਰਕਾਰ ਦੀ ਸੈਨਿਕਾਂ ਦੀ ਭਲਾਈ ਅਤੇ ਮੁੜ ਵਸੇਬੇ ਪ੍ਰਤੀ ਮਜ਼ਬੂਤ ਵਚਨਬੱਧਤਾ ਦਾ ਪ੍ਰਤੀਕ ਏ।

---------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਨਵੀਂ ਦਿੱਲੀ ਵਿਚ ਪ੍ਰਧਾਨ ਮੰਤਰੀ ਧਨ-ਧਾਨਯ ਯੋਜਨਾ ਅਤੇ ਦਾਲਾਂ ਬਾਰੇ ਆਤਮ-ਨਿਰਭਰਤਾ ਮਿਸ਼ਨ ਦੀ ਕਰਨਗੇ ਸ਼ੁਰੂਆਤ ।

- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵਲੋਂ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਦੀਆਂ ਤਿਆਰੀਆਂ ਬਾਰੇ ਜਾਇਜ਼ਾ ਮੀਟਿੰਗ - ਚੋਣ ਜ਼ਾਬਤਾ ਸਖ਼ਤੀ ਨਾਲ ਲਾਗੂ ਕਰਨ ਦੀ ਕੀਤੀ ਹਦਾਇਤ।

- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਅਤੇ ਐਨ.ਆਈ.ਟੀ ਜਲੰਧਰ ਨੇ ਵਰਲਡ ਯੂਨੀਵਰਸਿਟੀ ਰੈਂਕਿੰਗ 2026 ਵਿੱਚ ਨਵੀਂ ਉਪਲਬਧੀ ਦਰਜ ਕਰਦਿਆਂ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ ‘ਤੇ ਪਛਾਣ ਮਜ਼ਬੂਤ ਕੀਤੀ ।

- ਮਾਨਸਿਕ ਸਿਹਤ ਦੇ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਅੱਜ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾ ਰਿਹਾ ਏ-ਪੰਜਾਬ ਵਿਚ ਵੱਖ ਵੱਖ ਸਮਾਗਮਾਂ ਦਾ ਆਯੋਜਨ।

------------------------------------------------

ਇਸਦੇ ਨਾਲ ਪ੍ਰਦੇਸ਼ਕ   ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ  ਬੁਲੇਟਿਨ ਤੁਸੀਂ ਸੁਣੋਗੇ  7  ਵੱਜਕੇ 30 ਮਿੰਟ  'ਤੇ  ਨਮਸਕਾਰ  !